# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 12-04-2025**

- ਗ੍ਰਿਹ ਮੰਤਰੀ ਅਮਿਤ ਸ਼ਾਹ ਨੇ ਕਿਹਾ ਕਿ ਕੇਂਦਰ ਸਰਕਾਰ, ਛਤਰਪਤੀ ਸ਼ਿਵਾਜੀ ਮਹਾਰਾਜ ਦੇ ਇਤਿਹਾਸਕ ਸਥਾਨ ਰਾਏਗੜ੍ਹ ਕਿਲ੍ਹੇ ਨੂੰ, ਦੇਸ਼ ਦੇ ਨੌਜਵਾਨਾਂ ਵਾਸਤੇ ਪ੍ਰੇਰਨਾ ਸਰੋਤ ਵਜੋਂ ਵਿਕਸਤ ਕਰਨ ਲਈ ਵਚਨਬੱਧ ਏ ।
- ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ, ਪਹਿਲੀ ਜੂਨ ਤੋਂ ਝੋਨੇ ਦੀ ਜ਼ੋਨ ਵਾਰ ਕਾਸ਼ਤ ਸ਼ੁਰੂ ਕਰਨ ਦਾ ਕੀਤਾ ਐਲਾਨ ।
- ਪੰਜਾਬ ਪੁਲਿਸ ਨੇ ਸੀਨੀਅਰ BJP ਨੇਤਾ ਮਨੋਰੰਜਨ ਕਾਲੀਆ ਦੇ ਜਲੰਧਰ ਸਥਿਤ ਘਰ 'ਤੇ ਹੋਏ ਗ੍ਰਨੇਡ ਹਮਲੇ ਦੇ ਮੁੱਖ ਦੋਸ਼ੀ ਨੂੰ ਕੀਤਾ ਗ੍ਰਿਫ਼ਤਾਰ ।
- ਫੌਜ ਮੁਖੀ ਜਨਰਲ ਉਪੇਂਦਰ ਦਿਵੇਦੀ ਅੱਜ ਅੰਮ੍ਰਿਤਸਰ ਸਥਿਤ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਨਤਮਸਤਕ ਹੋਏ ।
- ਮਹਾਰਾਜਾ ਰਣਜੀਤ ਸਿੰਘ ਪ੍ਰੈਪਰੇਟਰੀ ਇੰਸਟੀਚਿਊਟ ਦੇ 26 ਕੈਡਿਟਾਂ ਦੀ ਕੌਮੀ ਰੱਖਿਆ ਅਕਾਦਮੀ ਲਈ ਚੋਣ-10 ਕੈਡਿਟਾਂ

ਨੇ ਆਲ ਇੰਡੀਆ ਰੈਂਕਿੰਗ 'ਚ ਸਿਖਰਲੇ 100 ਵਿੱਚ ਸਥਾਨ ਹਾਸਲ ਕੀਤਾ।

---

ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਕਿਹਾ ਕਿ ਕੇਂਦਰ ਸਰਕਾਰ ਅਤੇ ਮਹਾਰਾਸ਼ਟਰ ਸਰਕਾਰ ਦੋਵੇਂ ਹੀ ਛਤਰਪਤੀ ਸ਼ਿਵਾਜੀ ਮਹਾਰਾਜ ਦੇ ਇਤਿਹਾਸਕ ਸਥਾਨ ਰਾਏਗੜ੍ਹ ਕਿਲ੍ਹੇ ਨੂੰ ਦੇਸ਼ ਦੇ ਨੌਜਵਾਨਾਂ ਵਾਸਤੇ ਪ੍ਰੇਰਨਾ ਸਰੋਤ ਵਜੋਂ ਵਿਕਸਤ ਕਰਨ ਲਈ ਵਚਨਬੱਧ ਨੇ ।ਗ੍ਰਹਿ ਮੰਤਰੀ ਨੇ ਅੱਜ ਮਹਾਰਾਸ਼ਟਰ ਦੇ ਰਾਏਗੜ੍ਹ ਕਿਲ੍ਹੇ ਵਿਖੇ ਛਤਰਪਤੀ ਸ਼ਿਵਾਜੀ ਮਹਾਰਾਜ ਨੂੰ ਉਨ੍ਹਾਂ ਦੀ 345ਵੀਂ ਬਰਸੀ 'ਤੇ ਸ਼ਰਧਾਂਜਲੀ ਭੇਟ ਕਰਦੇ ਹੋਏ ਇਹ ਗੱਲ ਕਹੀ ।ਅਮਿਤ ਸ਼ਾਹ ਨੇ ਕਿਹਾ ਕਿ ਇਹ ਛਤਰਪਤੀ ਸ਼ਿਵਾਜੀ ਮਹਾਰਾਜ ਦਾ ਸੰਦੇਸ਼ ਸੀ ਕਿ ਸਵਰਾਜ ਦੀ ਲੜਾਈ ਕਦੇ ਨਹੀਂ ਰੁਕਣੀ ਚਾਹੀਦੀ।**BYTE**:

ਗ੍ਰਹਿ ਮੰਤਰੀ ਨੇ ਕਿਹਾ ਕਿ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੀ ਅਗਵਾਈ ਹੇਠ ਕੇਂਦਰ ਸਰਕਾਰ ਸ਼ਿਵਾਜੀ ਮਹਾਰਾਜ ਦੇ ਦ੍ਰਿਸ਼ਟੀਕੋਣ 'ਤੇ ਇਮਾਨਦਾਰੀ ਨਾਲ ਚੱਲ ਰਹੀ ਏ ਅਤੇ ਭਾਰਤ ਨੂੰ, ਪੂਰੀ ਦੁਨੀਆ ਲਈ ਉਮੀਦ ਦੀ ਕਿਰਨ ਵਜੋਂ ਸਥਾਪਤ ਕਰਨ ਲਈ, ਅਣਥੱਕ ਮਿਹਨਤ ਕਰ ਰਹੀ ਏ ।**BYTE**:

---

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਆਉਣ ਵਾਲੀਆਂ ਪੀੜ੍ਹੀਆਂ ਲਈ ਧਰਤੀ ਹੇਠਲੇ ਪਾਣੀ ਨੂੰ ਬਚਾਉਣ ਲਈ, ਸੂਬਾ ਸਰਕਾਰ ਦੀ ਦ੍ਰਿੜ੍ਹ ਵਚਨਬੱਧਤਾ ਦੁਹਰਾਉਂਦੇ ਹੋਏ ਪਹਿਲੀ ਜੂਨ ਤੋਂ ਝੋਨੇ ਦੀ ਜ਼ੋਨ ਵਾਰ ਕਾਸ਼ਤ ਸ਼ੁਰੂ ਕਰਨ ਦਾ ਐਲਾਨ ਕੀਤਾ। ਮੁੱਖ ਮੰਤਰੀ ਨੇ ਅੱਜ ਲੁਧਿਆਣਾ ਵਿਚ ਸਰਕਾਰ ਕਿਸਾਨ ਮਿਲਣੀ ਦੌਰਾਨ ਇਕੱਠ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਸੂਬੇ ਨੂੰ ਤਿੰਨ ਜ਼ੋਨਾਂ ਵਿੱਚ ਵੰਡਿਆ ਗਿਆ ਏ ਅਤੇ ਤਿੰਨ ਜ਼ੋਨਾਂ ਵਿੱਚ ਪੈਂਦੇ ਜ਼ਿਲ੍ਹਿਆਂ ਵਿੱਚ ਝੋਨੇ ਦੀ ਕਾਸ਼ਤ ਪਹਿਲੀ  ਜੂਨ, 5 ਜੂਨ ਅਤੇ 9 ਜੂਨ ਨੂੰ ਸ਼ੁਰੂ ਹੋ ਜਾਵੇਗੀ। ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਦੇਸ਼ ਦਾ ਅੰਨਦਾਤਾ ਏ ਕਿਉਂਕਿ ਇਹ ਕੌਮੀ ਅਨਾਜ ਭੰਡਾਰ ਵਿੱਚ 45 ਫੀਸਦੀ ਅਨਾਜ ਦਾ ਯੋਗਦਾਨ ਪਾਉਂਦਾ ਏ। ਉਨ੍ਹਾਂ ਦੁੱਖ ਪ੍ਰਗਟ ਕੀਤਾ ਕਿ ਝੋਨੇ ਦੇ ਸੀਜ਼ਨ ਦੇ 70 ਦਿਨਾਂ ਵਿੱਚ ਪੰਜਾਬ 9 ਗੋਬਿੰਦ ਸਾਗਰ ਝੀਲਾਂ ਦੇ ਬਰਾਬਰ ਪਾਣੀ ਬਾਹਰ ਕੱਢਦਾ ਏ , ਜੋ ਬਹੁਤ ਵੱਡੀ ਮਾਤਰਾ ਏ। ਗਵੰਤ ਸਿੰਘ ਮਾਨ ਨੇ ਕਿਹਾ ਕਿ ਇੰਨਾ ਜ਼ਿਆਦਾ ਪਾਣੀ ਬਾਹਰ ਕੱਢ ਕੇ ਅਸੀਂ ਆਪਣੀਆਂ ਆਉਣ ਵਾਲੀਆਂ ਪੀੜ੍ਹੀਆਂ ਨੂੰ ਪਾਣੀ ਤੋਂ ਵਾਂਝਾ ਕਰ ਦੇਵਾਂਗੇ, ਜੋ ਸਾਡੀ ਹੋਂਦ ਦਾ ਮੂਲ ਸਰੋਤ ਏ। ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਝੋਨੇ ਦੇ ਸੀਜ਼ਨ ਦੌਰਾਨ ਕਿਸਾਨਾਂ ਨੂੰ, ਘੱਟੋ-ਘੱਟ ਅੱਠ ਘੰਟੇ ਨਿਯਮਤ ਬਿਜਲੀ ਸਪਲਾਈ ਯਕੀਨੀ ਬਣਾਏਗੀ। ਉਨ੍ਹਾਂ ਕਿਹਾ ਕਿ

ਜਿਨ੍ਹਾਂ ਇਲਾਕਿਆਂ ਵਿੱਚ ਨਹਿਰੀ ਪਾਣੀ ਉਪਲਬਧ ਏ , ਉੱਥੇ ਰਾਤ ਦੇ ਸਮੇਂ ਅੱਠ ਘੰਟੇ ਬਿਜਲੀ ਸਪਲਾਈ ਕੀਤੀ ਜਾਵੇਗੀ।

---------------------------------------------------------------------------

ਪੰਜਾਬ ਪੁਲਿਸ ਨੇ ਜਲੰਧਰ ਵਿੱਚ ਸੀਨੀਅਰ BJP ਨੇਤਾ ਅਤੇ ਰਾਸ਼ਟਰੀ ਕਾਰਜਕਾਰਨੀ ਮੈਂਬਰ ਮਨੋਰੰਜਨ ਕਾਲੀਆ ਦੇ ਘਰ 'ਤੇ ਹੋਏ ਗ੍ਰਨੇਡ ਹਮਲੇ ਦੇ ਮੁੱਖ ਦੋਸ਼ੀ ਨੂੰ ਗ੍ਰਿਫ਼ਤਾਰ ਕਰ ਲਿਆ ਏ । ਪੰਜਾਬ ਪੁਲਿਸ ਮੁਖੀ ਗੌਰਵ ਯਾਦਵ ਨੇ ਆਪਣੇ ਸੋਸ਼ਲ ਮੀਡੀਆ ਹੈਂਡਲ 'ਤੇ ਇਸ ਦਾ ਖੁਲਾਸਾ ਕਰਦੇ ਹੋਏ ਦਾਅਵਾ ਕੀਤਾ ਕਿ ਗ੍ਰਿਫ਼ਤਾਰ ਕੀਤਾ ਗਿਆ ਦੋਸ਼ੀ ਸੈਦੁਲ ਅਮੀਨ ਉੱਤਰ ਪ੍ਰਦੇਸ਼ ਦੇ ਅਮਰੋਹਾ ਦਾ ਰਹਿਣ ਵਾਲਾ ਏ ਅਤੇ ਉਸਨੂੰ ਅੱਜ ਦਿੱਲੀ ਤੋਂ ਗ੍ਰਿਫ਼ਤਾਰ ਕੀਤਾ ਗਿਆ ਏ । ਉਹ 7 ਅਤੇ 8 ਅਪ੍ਰੈਲ ਦੀ ਦਰਮਿਆਨੀ ਰਾਤ ਨੂੰ ਮਨੋਰੰਜਨ ਕਾਲੀਆ ਦੇ ਘਰ 'ਤੇ ਹੋਏ ਗ੍ਰਨੇਡ ਹਮਲੇ ਲਈ ਜ਼ਿੰਮੇਵਾਰ ਮੁੱਖ ਦੋਸ਼ੀ ਏ । ਉਨ੍ਹਾਂ ਕਿਹਾ ਕਿ ਇਹ ਸਫਲਤਾ ਕੇਂਦਰੀ ਏਜੰਸੀਆਂ ਅਤੇ ਦਿੱਲੀ ਪੁਲਿਸ ਦੇ ਸਹਿਯੋਗ ਨਾਲ ਮਿਲੀ ਏ । ਇਸ ਤੋਂ ਪਹਿਲਾਂ, ਪੁਲਿਸ ਨੇ ਘਟਨਾ ਦੇ 12 ਘੰਟਿਆਂ ਦੇ ਅੰਦਰ, ਮੁੱਖ ਦੋਸ਼ੀ ਨੂੰ ਆਵਾਜਾਈ ਸਹਾਇਤਾ ਪ੍ਰਦਾਨ ਕਰਨ ਵਾਲੇ 2 ਸਥਾਨਕ ਸਾਥੀਆਂ ਨੂੰ ਵੀ, 8 ਅਪ੍ਰੈਲ ਨੂੰ ਗ੍ਰਿਫ਼ਤਾਰ ਕਰ ਲਿਆ ਸੀ।

---------------------------------------------------------------------------

ਅੱਜ ਦੇਸ਼ ਭਰ ਵਿੱਚ ਹਨੂੰਮਾਨ ਜਯੰਤੀ ਧਾਰਮਿਕ ਸ਼ਰਧਾ ਤੇ ਉਤਸ਼ਾਹ

ਨਾਲ ਮਨਾਈ ਜਾ ਰਹੀ ਏ। ਭਗਵਾਨ ਹਨੂੰਮਾਨ ਨੂੰ ਮਾਰੂਤੀ, ਕੇਸਰੀ ਨੰਦਨ, ਪਵਨਸੁਤ, ਮਹਾਵੀਰ, ਅੰਜਨੇਯਾ, ਅਤੇ ਸੰਕਟ ਮੋਚਨ ਵਰਗੇ ਵੱਖ-ਵੱਖ ਨਾਵਾਂ ਨਾਲ ਵੀ ਜਾਣਿਆ ਜਾਂਦਾ ਏ। ਦੇਸ਼ ਦੇ ਪ੍ਰਮੁੱਖ ਮੰਦਰਾਂ ਨੂੰ ਫੁੱਲਾਂ ਨਾਲ ਨਾਲ ਸਜਾਇਆ ਗਿਆ ਏ। ਪੰਜਾਬ ਸਮੇਤ ਦੇਸ਼ ਭਰ ਦੇ ਵੱਖ-ਵੱਖ ਹਨੂੰਮਾਨ ਮੰਦਰਾਂ ਵਿੱਚ ਸਵੇਰ ਤੋਂ ਹੀ ਸ਼ਰਧਾਲੂ ਵੱਡੀ ਗਿਣਤੀ ਵਿਚ ਨਤਮਸਤਕ ਹੋ ਰਹੇ ਨੇ। ਮੰਦਰਾਂ ਵਿੱਚ ਹਨੂੰਮਾਨ ਚਾਲੀਸਾ, ਸੁੰਦਰ ਕਾਂਡ ਅਤੇ ਅਖੰਡ ਰਾਮਾਇਣ ਦੇ ਪਾਠ ਕੀਤੇ ਜਾ ਰਹੇ ਹਨ। ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਹਨੂੰਮਾਨ ਜਯੰਤੀ 'ਤੇ ਦੇਸ਼ ਵਾਸੀਆਂ ਨੂੰ ਵਧਾਈ ਦਿੱਤੀ ਏ। ਸੋਸ਼ਲ ਮੀਡੀਆ 'ਤੇ ਇੱਕ ਪੋਸਟ ਵਿੱਚ, ਪ੍ਰਧਾਨ ਮੰਤਰੀ ਨੇ ਕਿਹਾ ਕਿ ਸੰਕਟਮੋਚਨ ਭਗਵਾਨ ਹਨੂੰਮਾਨ ਦੇ ਆਸ਼ੀਰਵਾਦ ਨਾਲ, ਹਰ ਕੋਈ ਜੀਵਨ ਵਿੱਚ ਸਿਹਤਮੰਦ ਅਤੇ ਖੁਸ਼ਹਾਲ ਰਹੇ।

---------------------------------------------------------------------------

ਫੌਜ ਮੁਖੀ ਜਨਰਲ ਉਪੇਂਦਰ ਦਿਵੇਦੀ ਅੱਜ ਅੰਮ੍ਰਿਤਸਰ ਸਥਿਤ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਨਤਮਸਤਕ ਹੋਏ। ਇਸ ਸਮੇਂ ਉਨ੍ਹਾਂ ਦੀ ਧਰਮ ਪਤਨੀ ਸ੍ਰੀਮਤੀ ਸੁਨੀਤਾ ਦਿਵੇਦੀ, ਪਰਿਵਾਰਕ ਮੈਂਬਰ ਅਤੇ ਮੇਜ਼ਰ ਜਨਰਲ ਕਾਰਤਿਕ ਸੀ ਸ਼ਦਰੀ ਵੀ ਮੌਜੂਦ ਸਨ। ਸੂਚਨਾ ਅਧਿਕਾਰੀ ਰਣਧੀਰ ਸਿੰਘ ਨੇ ਜਨਰਲ ਦਿਵੇਦੀ ਨੂੰ ਸ੍ਰੀ

ਹਰਿਮੰਦਰ ਸਾਹਿਬ ਦੀ ਮਰਯਾਦਾ, ਸਿੱਖ ਰਿਵਾਇਤਾਂ ਅਤੇ ਸਥਿਤ ਅਸਥਾਨਾਂ ਦੇ ਇਤਿਹਾਸ ਤੋਂ ਜਾਣੂ ਕਰਵਾਇਆ । ਉਨ੍ਹਾਂ ਗੁਰਬਾਣੀ ਕੀਰਤਨ ਸਰਵਣ ਕੀਤਾ । ਫ਼ੌਜ ਮੁਖੀ ਨੂੰ ਸ੍ਰੀ ਹਰਿਮੰਦਰ ਸਾਹਿਬ ਦਾ ਮਾਡਲ, ਲੋਈ ਅਤੇ ਧਾਰਮਿਕ ਪੁਸਤਕਾਂ ਦੇ ਕੇ ਸਨਮਾਨਿਤ ਕੀਤਾ ਗਿਆ । ਫ਼ੌਜ ਮੁਖੀ ਨੇ ਆਪਣੀਆਂ ਭਾਵਨਾਵਾਂ ਨੂੰ ਯਾਤਰੂ ਕਿਤਾਬ ਵਿਚ ਦਰਜ਼ ਕਰਦਿਆਂ ਲਿਖਿਆ ਕਿ ਸ੍ਰੀ ਹਰਿਮੰਦਰ ਸਾਹਿਬ ਸਦੀਵੀ ਵਿਸ਼ਵਾਸ ਅਤੇ ਵਿਲੱਖਣ ਸ਼ਾਂਤੀ ਦਾ ਪ੍ਰਤੀਕ ਏ ਅਤੇ ਇਥੋਂ ਦੀ ਨਿਰਸਵਾਰਥ ਸੇਵਾ ਸਾਰਿਆਂ ਲਈ ਪ੍ਰੇਰਣਾਦਾਇਕ ਏ ।

------------------------------------------------------------------

ਫੌਜ ਮੁਖੀ, ਜਨਰਲ ਉਪੇਂਦਰ ਦ੍ਵਿਵੇਦੀ ਨੇ ਅੱਜ ਵਜ੍ਰ ਕੋਰ ਦੇ ਆਪਣੇ ਦੌਰੇ ਦੌਰਾਨ ਸਾਬਕਾ ਫੌਜੀਆਂ ਨਾਲ ਗੱਲਬਾਤ ਕੀਤੀ ਅਤੇ ਅੱਜ ਜਲੰਧਰ ਵਿਖੇ ਹੋਏ ਇੱਕ ਸਮਾਰੋਹ ਦੌਰਾਨ ਸਮਾਜ, ਨੌਜੁਆਨਾਂ ਦੇ ਸ਼ਕਤੀਕਰਨ ਅਤੇ ਰਾਸ਼ਟਰ ਨਿਰਮਾਣ ਵਿੱਚ ਸ਼ਾਨਦਾਰ ਯੋਗਦਾਨ ਪਾਉਣ ਲਈ ਚਾਰ ਉੱਘੇ ਸਾਬਕਾ ਫੌਜੀਆਂ ਨੂੰ 'ਵੈਟਰਨ ਅਚੀਵਰਜ਼ ਅਵਾਰਡ' ਨਾਲ ਸਨਮਾਨਿਤ ਕੀਤਾ। ਇਨ੍ਹਾਂ ਸਾਬਕਾ ਫੌਜੀਆਂ ਵਿੱਚ ਕਰਨਲ ਜਗਦੀਪ ਸਿੰਘ ਜੋ ਕਿ ਵ੍ਹੀਲਚੇਅਰ 'ਤੇ ਸਨ ਅਤੇ ਜੰਗ ਵਿੱਚ ਜ਼ਖਮੀ ਹੋਏ ਸਨ, ਕਮਾਂਡਰ ਗੁਰਚਰਨ ਸਿੰਘ ,1971 ਦੇ ਯੁੱਧ ਦੇ ਸਾਬਕਾ ਫੌਜੀ, ਆਨਰੇਰੀ

ਕੈਪਟਨ ਗੁਰਮੇਲ ਸਿੰਘ ਅਤੇ ਹਵਲਦਾਰ ਸਿਮਰਨਜੀਤ ਸਿੰਘ ਸ਼ਾਮਲ ਨੇ. ਇਹ ਸਾਰੇ ਸਾਬਕਾ ਫੌਜੀਆਂ ਅਤੇ ਉਨ੍ਹਾਂ ਦੇ ਪਰਿਵਾਰਾਂ ਦੀ ਭਲਾਈ ਲਈ ਕੰਮ ਕਰ ਰਹੇ ਨੇ ਤੇ, ਨਾਲ ਹੀ ਸੂਬੇ ਦੇ ਨੌਜਵਾਨਾਂ ਨੂੰ ਫੌਜਾਂ ਵਿੱਚ ਭਰਤੀ ਹੋਣ, ਚੁਗਿਰਦੇ ਪ੍ਰਤੀ ਜਾਗਰੂਕਤਾ, ਕੁੜੀਆਂ ਦੀ ਸਿੱਖਿਆ ਅਤੇ ਪੰਜਾਬ ਵਿੱਚ ਨਸ਼ਾ ਵਿਰੋਧੀ ਮੁਹਿੰਮਾਂ ਚਲਾਉਣ ਲਈ ਸਿਖਲਾਈ ਦੇ ਰਹੇ ਨੇ.

---------------------------------------------------------------------------

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਖ਼ਾਲਸਾ ਸਾਜਣਾ ਦਿਵਸ ਦੇ ਇਤਿਹਾਸਕ ਮੌਕੇ ’ਤੇ ਸੰਗਤਾਂ ਨੂੰ ਵਧਾਈ ਦਿੱਤੀ ਏ। ਸ੍ਰੀ ਧਾਮੀ ਨੇ ਕਿਹਾ ਕਿ ਦਸਵੇਂ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਸਾਲ 1699 ਦੀ ਵਿਸਾਖੀ ਵਾਲੇ ਦਿਨ ਸ੍ਰੀ ਅਨੰਦਪੁਰ ਸਾਹਿਬ ਵਿਖੇ ਖ਼ਾਲਸੇ ਦੀ ਸਿਰਜਣਾ ਕਰਕੇ ਸਵੈਮਾਣ ਨਾਲ ਜੀਣ ਦਾ ਰਾਹ ਦਿਖਾਇਆ। ਸਿੱਖ ਇਤਿਹਾਸ ਦਾ ਇਹ ਪੰਨਾ ਦੁਨੀਆਂ ਦੇ ਧਾਰਮਿਕ ਇਤਿਹਾਸ ਅੰਦਰ ਵੱਡੀ ਅਹਿਮੀਅਤ ਰੱਖਦਾ ਏ। ਉਨ੍ਹਾਂ ਸਿੱਖ ਕੌਮ ਨੂੰ ਆਪਣੇ ਇਸ ਪਵਿੱਤਰ ਦਿਹਾੜੇ ’ਤੇ ਗੁਰੂ ਸਾਹਿਬ ਵੱਲੋਂ ਦਰਸਾਈ ਜੀਵਨ ਜਾਚ ਨਾਲ ਜੁੜ ਕੇ ਕੌਮੀ ਹਿੱਤਾਂ ਦੀ ਪਹਿਰੇਦਾਰੀ ਕਰਨ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਪੂਰੇ ਵਿਸ਼ਵ ਅੰਦਰ ਵਸਦੀ ਸਿੱਖ ਸੰਗਤ ਇਸ ਦਿਹਾੜੇ ਨੂੰ ਉਤਸ਼ਾਹ ਨਾਲ ਮਨਾਉਂਦਿਆਂ ਆਪਣੇ ਬੱਚਿਆਂ ਨੂੰ

ਇਤਿਹਾਸ ਤੋਂ ਜ਼ਰੂਰ ਜਾਣੂ ਕਰਵਾਏ, ਤਾਂ ਜੋ ਭਵਿੱਖ ਦੀਆਂ ਪੀੜ੍ਹੀਆਂ ਅੰਦਰ ਸਿੱਖੀ ਸਰੋਕਾਰ ਦ੍ਰਿੜ੍ਹ ਹੋ ਸਕਣ।

------------------------------------------------------------------------------------------------

ਪੰਜਾਬ ਸਰਕਾਰ ਵੱਲੋਂ ਸਮਾਜਿਕ ਨਿਆਂ ਅਤੇ ਘੱਟ ਗਿਣਤੀਆਂ ਦੀ ਭਲਾਈ ਲਈ ਚਲਾਈ ਜਾ ਰਹੀ ਆਸ਼ੀਰਵਾਦ ਯੋਜਨਾ ਅਧੀਨ ਵਿੱਤੀ ਸਾਲ 2024-25 ਦੌਰਾਨ ਅਨੁਸੂਚਿਤ ਜਾਤੀਆਂ ਅਤੇ ਪੱਛੜੀਆਂ ਸ਼੍ਰੇਣੀਆਂ ਦੇ ਲਾਭਪਾਤਰੀ ਪਰਿਵਾਰਾਂ ਨੂੰ 301 ਕਰੋੜ 20 ਲੱਖ ਰੁਪਏ ਦੀ ਵਿੱਤੀ ਸਹਾਇਤਾ ਦਿੱਤੀ ਗਈ ਏ। ਸਮਾਜਿਕ ਨਿਆਂ, ਅਧਿਕਾਰਤਾ ਅਤੇ ਘੱਟ ਗਿਣਤੀ ਮੰਤਰੀ ਡਾ. ਬਲਜੀਤ ਕੌਰ ਨੇ ਦੱਸਿਆ ਕਿ ਇਸ ਰਾਸ਼ੀ ਵਿੱਚੋਂ 198 ਕਰੋੜ 51 ਲੱਖ ਰੁਪਏ ਅਨੁਸੂਚਿਤ ਵਰਗਾਂ ਦੇ 38 ਹਜ਼ਾਰ 922 ਵਿਅਕਤੀਆਂ ਨੂੰ ਅਤੇ 102 ਕਰੋੜ 69 ਲੱਖ ਰੁਪਏ ਪੱਛੜੀਆਂ ਸ਼੍ਰੇਣੀਆਂ ਦੇ 20 ਹਜ਼ਾਰ 136 ਲਾਭਪਾਤਰੀਆਂ ਨੂੰ ਜਾਰੀ ਕੀਤੇ ਗਏ ਹਨ। ਡਾ. ਬਲਜੀਤ ਕੌਰ ਨੇ ਦੱਸਿਆ ਕਿ ਆਸ਼ੀਰਵਾਦ ਯੋਜਨਾ ਹੇਠ ਕੁੜੀਆਂ ਦੇ ਵਿਆਹ ਲਈ 51 ਹਜ਼ਾਰ ਰੁਪਏ ਦੀ ਵਿੱਤੀ ਸਹਾਇਤਾ ਦਿੱਤੀ ਜਾਂਦੀ ਏ । ਇਹ ਰਕਮ ਲਾਭਪਾਤਰੀਆਂ ਦੇ ਬੈਂਕ ਖਾਤਿਆਂ ਵਿੱਚ ਸਿੱਧਾ ਲਾਭ ਤਬਾਦਲਾ ਰਾਹੀਂ ਟਰਾਂਸਫਰ ਕੀਤੀ ਜਾਂਦੀ ਏ । ਉਨ੍ਹਾਂ ਕਿਹਾ ਕਿ ਸਕੀਮ ਦਾ ਲਾਭ ਲੈਣ ਲਈ ਬਿਨੈਕਾਰ ਦਾ ਪੰਜਾਬ ਦਾ ਸਥਾਈ ਨਿਵਾਸੀ

ਅਤੇ ਉਸ ਦੀ ਸਾਲਾਨਾ ਘਰੇਲੂ ਆਮਦਨ 32 ਹਜ਼ਾਰ 790 ਰੁਪਏ ਤੋਂ ਘੱਟ ਹੋਣੀ ਲਾਜ਼ਮੀ ਏ।

---------------------------------------------------------------------------

ਤੇਲੰਗਾਨਾ ਵਿੱਚ ਟ੍ਰੀ-ਮੈਨ ਵਜੋਂ ਜਾਣੇ ਜਾਂਦੇ ਡਾ. ਰਮਈਆ ਦਾ ਅੱਜ ਖੰਮਮ ਜ਼ਿਲ੍ਹੇ ਦੇ ਰੈੱਡੀ ਪੱਲੀ ਵਿੱਚ ਦੇਹਾਂਤ ਹੋ ਗਿਆ। ਉਹ ਕੁਝ ਸਮੇਂ ਤੋਂ ਬਿਮਾਰ ਸਨ । ਸ਼੍ਰੀ ਰਮਈਆ ਨੂੰ ਵਾਤਾਵਰਣ ਸੁਰੱਖਿਆ ਵਿੱਚ ਉਨ੍ਹਾਂ ਦੇ ਸ਼ਾਨਦਾਰ ਯੋਗਦਾਨ ਲਈ ਪਦਮ ਸ਼੍ਰੀ ਨਾਲ ਸਨਮਾਨਿਤ ਕੀਤਾ ਗਿਆ। ਉਨ੍ਹਾਂ ਆਪਣੇ ਜੀਵਨ ਕਾਲ ਵਿੱਚ ਇੱਕ ਕਰੋੜ ਤੋਂ ਵੱਧ ਰੁੱਖ ਲਗਾਏ । ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਵਾਤਾਵਰਣ ਸੰਭਾਲ ਦੇ ਇੱਕ ਵੱਡੇ ਸਮਰਥਕ ਦਾਰੀਪੱਲੀ ਰਾਮਈਆ ਦੇ ਦੇਹਾਂਤ 'ਤੇ ਦੁੱਖ ਪ੍ਰਗਟ ਕੀਤਾ ਏ। ਸੋਸ਼ਲ ਮੀਡੀਆ 'ਤੇ ਇੱਕ ਪੋਸਟ ਵਿੱਚ, ਪ੍ਰਧਾਨ ਮੰਤਰੀ ਮੋਦੀ ਨੇ ਕਿਹਾ ਕਿ ਦਾਰੀਪੱਲੀ ਰਮਈਆ ਨੇ ਆਪਣਾ ਜੀਵਨ ਲੱਖਾਂ ਰੁੱਖ ਲਗਾਉਣ ਅਤੇ ਉਨ੍ਹਾਂ ਦੀ ਰੱਖਿਆ ਲਈ ਸਮਰਪਿਤ ਕੀਤਾ।

---------------------------------------------------------------------------

ਮੋਹਾਲੀ ਸਥਿਤ ਮਹਾਰਾਜਾ ਰਣਜੀਤ ਸਿੰਘ ਆਰਮਡ ਫੋਰਸਿਜ਼ ਪ੍ਰੈਪਰੇਟਰੀ ਇੰਸਟੀਚਿਊਟ ਦੇ 26 ਹੋਰ ਕੈਡਿਟਾਂ ਨੇ ਜੂਨ 2025 ਵਿੱਚ ਸ਼ੁਰੂ ਹੋਣ ਵਾਲੇ ਰਾਸ਼ਟਰੀ ਰੱਖਿਆ ਅਕਾਦਮੀ-154 ਕੋਰਸ ਲਈ

ਯੂ.ਪੀ.ਐਸ.ਸੀ. ਆਲ ਇੰਡੀਆ ਮੈਰਿਟ ਸੂਚੀ ਵਿੱਚ ਸਥਾਨ ਹਾਸਲ ਕੀਤਾ ਏ । ਪਟਿਆਲਾ ਤੋਂ ਕੈਡਿਟ ਆਰੀਅਨ ਸੋਫਥ ਨੇ ਆਲ ਇੰਡੀਆ ਰੈਂਕਿੰਗ ਵਿੱਚ 9ਵਾਂ ਰੈਂਕ ਜਦੋਂਕਿ ਸੰਸਥਾ ਦੇ 10 ਕੈਡਿਟਾਂ ਨੇ ਮੈਰਿਟ ਦੇ ਟੌਪ-100 ਵਿੱਚ ਸਥਾਨ ਪ੍ਰਾਪਤ ਕੀਤਾ ਏ । ਜ਼ਿਕਰਯੋਗ ਏ ਕਿ ਇਸ ਸੰਸਥਾ ਦੇ 34 ਕੈਡਿਟਾਂ ਵਿੱਚੋਂ 26 ਕੈਡਿਟਾਂ ਨੇ ਐਸ.ਐਸ.ਬੀ. ਪਾਸ ਕਰ ਲਈ ਏ । ਕੈਡਿਟਾਂ ਨੂੰ ਵਧਾਈ ਦਿੰਦਿਆਂ ਪੰਜਾਬ ਦੇ ਰੋਜ਼ਗਾਰ ਉਤਪਤੀ, ਹੁਨਰ ਵਿਕਾਸ ਅਤੇ ਸਿਖਲਾਈ ਮੰਤਰੀ ਅਮਨ ਅਰੋੜਾ ਨੇ ਕਿਹਾ ਕਿ ਇਹ ਕੈਡਿਟ ਪੰਜਾਬ ਦਾ ਮਾਣ ਨੇ । ਸੰਸਥਾ ਦੇ ਡਾਇਰੈਕਟਰ,ਸੇਵਾਮੁਕਤ ਮੇਜਰ ਜਨਰਲ ਅਜੈ ਐਚ. ਚੌਹਾ ਨੇ ਕਿਹਾ ਕਿ ਸੰਸਥਾ ਦੀ ਸ਼ੁਰੂਆਤ ਤੋਂ ਲੈ ਕੇ ਹੁਣ ਤੱਕ ਇਸ ਸੰਸਥਾ ਦੇ ਕੁੱਲ 255 ਕੈਡਿਟ ਵੱਖ-ਵੱਖ ਸਰਵਿਸ ਟਰੇਨਿੰਗ ਅਕੈਡਮੀਆਂ ਵਿੱਚ ਸ਼ਾਮਲ ਹੋਏ ਹਨ ਅਤੇ ਸੰਸਥਾ ਦੇ 170 ਕੈਡਿਟ ਰੱਖਿਆ ਸੇਵਾਵਾਂ ਵਿੱਚ ਕਮਿਸ਼ਨਡ ਅਫਸਰ ਬਣੇ ਨੇ ।

---------------------------------------------------------------------------------

ਖੇਲੋ ਇੰਡੀਆ ਯੁਵਾ ਖੇਡਾਂ ਲਈ ਪੰਜਾਬ ਦੀਆਂ ਵੱਖ-ਵੱਖ ਟੀਮਾਂ ਦੇ ਟ੍ਰਾਇਲ 13 ਅਪ੍ਰੈਲ ਨੂੰ ਵੱਖ-ਵੱਖ ਥਾਂਵਾਂ ਉੱਤੇ ਲਏ ਜਾਣਗੇ । ਇਨ੍ਹਾਂ ਟ੍ਰਾਇਲਾਂ ਵਿੱਚ ਹਿੱਸਾ ਲੈਣ ਦੇ ਚਾਹਵਾਨ ਖਿਡਾਰੀਆਂ ਦੀ ਜਨਮ ਤਰੀਕ ਇਕ ਜਨਵਰੀ 2007 ਜਾਂ ਇਸ ਤੋਂ ਬਾਅਦ ਦੀ ਹੋਣੀ ਚਾਹੀਦੀ

ਏ। ਖੇਡ ਵਿਭਾਗ ਦੇ ਬੁਲਾਰੇ ਨੇ ਦੱਸਿਆ ਕਿ ਖੇਲੋ ਇੰਡੀਆ ਯੁਵਾ ਖੇਡਾਂ ਬਿਹਾਰ ਵਿਖੇ 4 ਮਈ ਤੋਂ 15 ਮਈ ਤੱਕ ਕਰਵਾਈਆਂ ਜਾ ਰਹੀਆਂ ਨੇ। ਇਨ੍ਹਾਂ ਖੇਡਾਂ ਸੰਬੰਧੀ ਪੰਜਾਬ ਦੀ ਬਾਸਕਟਬਾਲ ਕੁੜੀਆਂ ਟੀਮ ਦੀ ਚੋਣ ਲਈ ਟ੍ਰਾਇਲ ਗੁਰੂ ਨਾਨਕ ਸਟੇਡੀਅਮ ਲੁਧਿਆਣਾ, ਹਾਕੀ ਲਈ ਓਲੰਪੀਅਨ ਸੁਰਜੀਤ ਹਾਕੀ ਸਟੇਡੀਅਮ ਜਲੰਧਰ, ਖੋ - ਖੋ ਲਈ ਪਟਿਆਲਾ, ਵਾਲੀਬਾਲ ਦੇ ਟ੍ਰਾਇਲ ਮੁਹਾਲੀ ਅਤੇ ਕਬੱਡੀ ਲਈ ਟ੍ਰਾਇਲ ਪਟਿਆਲਾ ਵਿਖੇ ਲਏ ਜਾਣਗੇ।

---

IPL ਕ੍ਰਿਕਟ ਵਿੱਚ, ਪੰਜਾਬ ਕਿੰਗਜ਼ ਦਾ ਸਾਹਮਣਾ ਹੈਦਰਾਬਾਦ ਦੇ ਰਾਜੀਵ ਗਾਂਧੀ ਕੌਮਾਂਤਰੀ ਕ੍ਰਿਕਟ ਸਟੇਡੀਅਮ ਵਿਚ ਸਨਰਾਈਜ਼ਰਜ਼ ਹੈਦਰਾਬਾਦ ਨਾਲ ਹੋਵੇਗਾ। ਇਹ ਮੈਚ ਸ਼ਾਮ ਸਾਢੇ 7 ਵਜੇ ਸ਼ੁਰੂ ਹੋਵੇਗਾ।

---

- ਗ੍ਰਿਹ ਮੰਤਰੀ ਅਮਿਤ ਸ਼ਾਹ ਨੇ ਕਿਹਾ ਕਿ ਕੇਂਦਰ ਸਰਕਾਰ, ਛਤਰਪਤੀ ਸ਼ਿਵਾਜੀ ਮਹਾਰਾਜ ਦੇ ਇਤਿਹਾਸਕ ਸਥਾਨ ਰਾਏਗੜ੍ਹ ਕਿਲ੍ਹੇ ਨੂੰ, ਦੇਸ਼ ਦੇ ਨੌਜਵਾਨਾਂ ਵਾਸਤੇ ਪ੍ਰੇਰਨਾ ਸਰੋਤ ਵਜੋਂ ਵਿਕਸਤ ਕਰਨ ਲਈ ਵਚਨਬੱਧ ਏ।

- ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ, ਪਹਿਲੀ ਜੂਨ ਤੋਂ ਝੋਨੇ ਦੀ ਜ਼ੋਨ ਵਾਰ ਕਾਸ਼ਤ ਸ਼ੁਰੂ ਕਰਨ ਦਾ ਕੀਤਾ ਐਲਾਨ ।
- ਪੰਜਾਬ ਪੁਲਿਸ ਨੇ ਸੀਨੀਅਰ BJP ਨੇਤਾ ਮਨੋਰੰਜਨ ਕਾਲੀਆ ਦੇ ਜਲੰਧਰ ਸਥਿਤ ਘਰ 'ਤੇ ਹੋਏ ਗ੍ਰਨੇਡ ਹਮਲੇ ਦੇ ਮੁੱਖ ਦੋਸ਼ੀ ਨੂੰ ਕੀਤਾ ਗ੍ਰਿਫ਼ਤਾਰ ।
- ਫੌਜ ਮੁਖੀ ਜਨਰਲ ਉਪੇਂਦਰ ਦਿਵੇਦੀ ਅੱਜ ਅੰਮ੍ਰਿਤਸਰ ਸਥਿਤ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਨਤਮਸਤਕ ਹੋਏ।
- ਮਹਾਰਾਜਾ ਰਣਜੀਤ ਸਿੰਘ ਪ੍ਰੈਪਰੇਟਰੀ ਇੰਸਟੀਚਿਊਟ ਦੇ 26 ਕੈਡਿਟਾਂ ਦੀ ਕੌਮੀ ਰੱਖਿਆ ਅਕਾਦਮੀ ਲਈ ਚੋਣ-10 ਕੈਡਿਟਾਂ ਨੇ ਆਲ ਇੰਡੀਆ ਰੈਂਕਿੰਗ 'ਚ ਸਿਖਰਲੇ 100 ਵਿੱਚ ਸਥਾਨ ਹਾਸਲ ਕੀਤਾ।